JAGAT GURU NANAK DEV
PUNJAB STATE OPEN UNIVERSITY PATIALA
(Established by Act No.19 of 2019 of Legislature of the State of Punjab)

**Ref.No./PSOU/Admission/345** **Dated:-18/12/25**

**ਦਾਖਲਾ ਨੋਟਿਸ**

**(ਸੈਸ਼ਨ - ਜਨਵਰੀ, 2026)**

ਵੱਲ:

ਪ੍ਰਿੰਸੀਪਲ/ਕੋ-ਆਰਡੀਨੇਟਰ ਸਾਹਿਬਾਨ, ਸਬੰਧਤ ਲਰਨਰ ਸਪੋਰਟ ਸੈਂਟਰ,
ਮੁਖੀ/ਕੋ-ਆਰਡੀਨੇਟਰ ਸਾਹਿਬਾਨ, ਸਮੂਹ ਯੂਨੀਵਰਸਿਟੀ ਸਕੂਲ,
ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ।

**ਵਿਸ਼ਾ- ਸੈਸ਼ਨ ਜਨਵਰੀ, 2026 ਲਈ ਦਾਖਲਾ ਪ੍ਰਕੀਰਿਆ ਮਿਤੀ 22/12/2025 ਤੋਂ ਸ਼ੁਰੂ ਕਰਨ ਸੰਬੰਧੀ।**

ਸ੍ਰੀ ਮਾਨ ਜੀ,

ਉਪਰੋਕਤ ਦੇ ਸਬੰਧ ਵਿੱਚ ਯੂ.ਜੀ.ਸੀ ਡੈਬ(UGC DEB) ਅਤੇ ਯੂਨੀਵਰਸਿਟੀ ਕੈਲੰਡਰ ਅਨੁਸਾਰ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਵੱਲੋਂ ਚਲਾਏ ਜਾ ਰਹੇ ਪ੍ਰੋਗਰਾਮਾਂ ਅਧੀਨ ਸੈਸ਼ਨ ਜਨਵਰੀ, 2026 ਲਈ ਦਾਖਲਾ ਪ੍ਰਕਿਰਿਆ ਮਿਤੀ 22.12.2025 ਤੋਂ ਸ਼ੁਰੂ ਹੋ ਰਹੀ ਹੈ। ਸੈਸ਼ਨ ਜਨਵਰੀ, 2026 ਲਈ ਦਾਖਲੇ ਸੰਬੰਧੀ ਵਿਸਥਾਰਪੂਰਵਕ ਜਾਣਕਾਰੀ ਯੂਨੀਵਰਸਿਟੀ ਦੇ ਦਾਖਲਾ ਪੇਜ (https://admissions.psou.ac.in) ਤੇ ਉੱਪਲਬਧ ਹੈ। ਯੂਨੀਵਰਸਿਟੀ ਦੇ ਸਮੂਹ ਰਿਜਨਲ ਸੈਂਟਰ ਅਤੇ ਸੰਬੰਧਿਤ ਲਰਨਰ ਸਪੋਰਟ ਸੈਂਟਰਾਂ(LSCs) ਦੇ ਪ੍ਰਿੰਸੀਪਲ/ਕੋ-ਆਰਡੀਨੇਟਰ ਸਾਹਿਬਾਨ ਅਤੇ ਯੂਨੀਵਰਸਿਟੀ ਸਕੂਲਾਂ ਦੇ ਸਮੂਹ ਮੁਖੀ/ਕੋਆਰਡੀਨੇਟਰ ਸਾਹਿਬਾਨ ਨੂੰ ਸੈਸ਼ਨ ਜਨਵਰੀ, 2026 ਦੀ ਦਾਖਲਾ ਪ੍ਰਕਿਰਿਆ ਮਿਤੀ 22.12.2025 ਤੋਂ ਸ਼ੁਰੂ ਕਰਨ ਦੀ ਹਿਦਾਇਤ ਦਿੱਤੀ ਜਾਂਦੀ ਹੈ।

**ਨੋਟ**: ਯੂਨੀਵਰਸਿਟੀ ਸਕੂਲਾਂ ਦੇ ਮੁਖੀ ਸਹਿਬਾਨ ਅਤੇ ਸੰਬੰਧਿਤ ਲਰਨਰ ਸਪੋਰਟ ਸੈਂਟਰਾਂ ਦੇ ਪ੍ਰਿੰਸੀਪਲ/ਕੋ-ਆਰਡੀਨੇਟਰ ਸਹਿਬਾਨ ਆਪਣੇ ਸੰਬੰਧਿਤ ਪੋਰਟਲ ਦੇ ਲਾਗ-ਇਨ ਵਿੱਚ ਦਾਖਲ ਵਿਦਿਆਰਥੀਆਂ ਦੀ ਵਿਦਿਅਕ ਯੋਗਤਾ ਚੈੱਕ ਕਰਨ ਉਪਰੰਤ ਦਾਖਲਾ ਫਾਰਮਾਂ ਨੂੰ ਸਮੇਂ-ਸਿਰ ਵੈਰੀਫਾਈ ਕਰਨਾ ਯਕੀਨੀ ਬਣਾਉਣਗੇ। ਦਾਖਲ ਵਿਦਿਆਰਥੀਆਂ ਨੂੰ ਵੈਰੀਫਾਈ ਕਰਨ ਉਪਰੰਤ ਸਬੰਧਤ ਡਾਟਾ ਲਾਕ ਕੀਤਾ ਜਾਵੇ ਅਤੇ ਸੰਬੰਧਿਤ ਵਿਦਿਆਰਥੀਆਂ ਦੀ ਜਮ੍ਹਾਂ ਕਰਵਾਈ ਫੀਸ ਦੀ ਜਾਣਕਾਰੀ ਭਰਨ ਉਪਰੰਤ ਅੰਤਿਮ ਰਿਪੋਰਟ, ਦਾਖਲ ਵਿਦਿਆਰਥੀਆਂ ਦੀ ਸੂਚੀ ਸਮੇਤ ਜਮ੍ਹਾਂ ਕਰਵਾਈ ਫੀਸ ਦੀ ਰਸੀਦ ਆਪਣੇ ਸੰਬੰਧਿਤ ਪੋਰਟਲ ਦੇ ਲਾਗ-ਇਨ ਵਿੱਚ ਅਪਲੋਡ ਕਰਨਾ ਲਾਜ਼ਮੀ ਬਣਾਉਣ ਜੀ। ਫਾਈਨਲ ਦਾਖਲਾ ਰਿਪੋਰਟ ਆਨਲਾਈਨ ਅਪਲੋਡ ਹੋਣ ਉਪਰੰਤ ਹੀ ਵਿਦਿਆਰਥੀਆਂ ਦੀ ਦਾਖਲਾ ਪ੍ਰਕਿਰਿਆ ਪੂਰੀ ਸਮਝੀ ਜਾਵੇਗੀ।

ਉਪਰੋਕਤ ਸੰਬੰਧੀ ਆਪ ਜੀ ਨੂੰ ਕਿਸੇ ਵੀ ਕਿਸਮ ਦੀ ਸਮੱਸਿਆ ਆਉਂਦੀ ਹੈ ਤਾਂ ਇਸ ਸੰਬੰਧੀ ਦਾਖਲਾ ਹੈਲਪ-ਲਾਈਨ ਨੰਬਰ 94630-82523 ਅਤੇ admission.helpline@psou.ac.in ਤੇ ਸੰਪਰਕ ਕੀਤਾ ਜਾਵੇ ਜੀ।

ਮੁਖੀ ਦਾਖਲਾ ਸੈੱਲ
ਜਗਤ ਗੁਰੂ ਨਾਨਕ ਦੇਵ
ਪੰਜਾਬ ਸਟੇਟ ਓਪਨ ਯੂਨੀਵਰਸਿਟੀ,
ਪਟਿਆਲਾ

ਮੁਖੀ, ਦਾਖਲਾ ਸੈੱਲ 18/12/25

**ਉਤਾਰਾ ਜਾਣਕਾਰੀ ਅਤੇ ਅਗਰੇਲੀ ਕਾਰਵਾਈ ਹਿੱਤ:-**

- Dean Academic Affairs, JGND PSOU, Patiala
- Registrar, JGND PSOU, Patiala
- Secretary to Vice Chancellor, JGND, PSOU Patiala
- Director, LSC, JGND PSOU, Patiala
- Director, CITS, JGND PSOU, Patiala
- P.R.O. JGND PSOU, Patiala
- A.R (Accounts), JGND PSOU, Patiala
- Director, Regional Centre
- All principals of LSCs
- All Faculty members